**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ**

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਸਿੱਖਿਆ ਭਵਨ

ਚੌਥੀ ਮੰਜਿਲ, ਐਸ.ਏ.ਐਸ. ਨਗਰ

(ਸੈਕੰਡਰੀ ਸਿੱਖਿਆ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ)

ਸਮੂਹ ਸਕੂਲ ਮੁਖੀ/ਅਧਿਆਪਕ (ਵੈਬਸਾਈਟ ਰਾਹੀਂ)

ਪੰਜਾਬ।

ਮੀਮੋ ਨੰ. ਈ- 522468-2023 ਸੈਸਿ (2)/2023195126

ਮਿਤੀ ਸ.ਅ.ਸ ਨਗਰ 14/7/2023

ਵਿਸ਼ਾ : ਅਧਿਆਪਕ ਸਟੇਟ ਅਵਾਰਡ, ਯੰਗ ਟੀਚਰ ਅਵਾਰਡ ਅਤੇ ਪ੍ਰਬੰਧਕੀ ਅਵਾਰਡ 2023 ਲਈ ਆਨਲਾਈਨ ਵੈਬਸਾਈਟ **epunjabschool.gov.in** ਤੇ ਮਿਤੀ **20.07.2023** ਤੱਕ ਨਾਮੀਨੇਸ਼ਨ ਕਰਨ ਸਬੰਧੀ ਹਦਾਇਤਾਂ।

ਹਵਾਲਾ: ਇਸ ਦਫਤਰ ਦੇ ਮੀਮੋ. ਨੰ. ਈ-522468-2023 ਸੈਸਿ (2)/2023186154 ਮਿਤੀ 06-07-2023 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਸਰਕਾਰ, ਸਿੱਖਿਆ ਵਿਭਾਗ ਵੱਲੋਂ ਪਿਛਲੇ ਸਾਲ ਦੀ ਤਰ੍ਹਾਂ ਅਧਿਆਪਕ ਸਟੇਟ ਅਵਾਰਡ, ਯੰਗ ਟੀਚਰ ਅਵਾਰਡ ਅਤੇ ਪ੍ਰਬੰਧਕੀ ਅਵਾਰਡ ਲਈ ਆਨਲਾਈਨ ਨਾਮੀਨੇਸ਼ਨ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਾਲ 2023 ਲਈ ਇਸ ਦਫਤਰ ਦੇ ਮੀਮੋ. ਨੰ. ਈ-522468-2023 ਸੈਸਿ (2)/2023186154 ਮਿਤੀ 06-07-2023 ਰਾਹੀਂ ਪਹਿਲਾਂ ਜਾਰੀ ਕੀਤੀ ਗਈਆ ਹਦਾਇਤਾਂ ਦੀ ਲਗਾਤਾਰਤਾ ਵਿੱਚ ਹੇਠ ਲਿਖੇ ਅਨੁਸਾਰ ਨੋਮੀਨੇਸ਼ਨ ਦੀ ਮੰਗ ਕੀਤੀ ਜਾਂਦੀ ਹੈ :-

**1.0 Nomination for the Award :**

**ਅਧਿਆਪਕ ਸਟੇਟ ਅਵਾਰਡ, ਯੰਗ ਟੀਚਰ ਅਵਾਰਡ ਅਤੇ ਪ੍ਰਬੰਧਕੀ ਅਵਾਰਡ** ਲਈ ਆਨਲਾਈਨ ਨਾਮੀਨੇਸ਼ਨ ਵੈਬਸਾਈਟ epunjabschool.gov.in ਤੇ ਮਿਤੀ **20.07.2023** ਤੱਕ ਕੀਤੀ ਜਾ ਸਕਦੀ ਹੈ। ਪੋਰਟਲ ਤੇ ਹਰ ਸਟਾਫ ਦਾ ਵੱਖਰਾ ਆਈ-ਡੀ ਪਹਿਲਾਂ ਹੀ ਸਾਰੇ ਅਧਿਆਪਕਾਂ/ਸਕੂਲ ਮੁੱਖੀਆਂ/ਪ੍ਰਬੰਧਕਾਂ ਨੂੰ ਮਿਲਿਆ ਹੋਇਆ ਹੈ। ਉਸਦੇ ਰਾਹੀਂ ਲਾਗ-ਇਨ ਕਰਕੇ ਕਿਸੇ ਵੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਪਿਛਲੇ ਸਾਲ ਦੀ ਤਰ੍ਹਾਂ ਸਰਕਾਰ ਵੱਲੋਂ ਫੈਸਲਾ ਕੀਤਾ ਗਿਆ ਕਿ ਕੋਈ ਵੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਖੁਦ ਸਟੇਟ ਅਵਾਰਡ ਲਈ ਅਪਲਾਈ ਨਹੀਂ ਕਰੇਗਾ। ਕਿਸੇ ਵੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਸਟੇਟ ਅਵਾਰਡ ਲਈ ਕੋਈ ਵੀ ਦੂਸਰਾ ਅਧਿਆਪਕ/ਸਕੂਲ ਮੁੱਖੀ/ਇੰਚਾਰਜ ਨਾਮੀਨੇਸ਼ਨ ਕਰ ਸਕਦਾ ਹੈ। ਇਸ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ, ਜਿਲ੍ਹਾ ਸਿੱਖਿਆ ਅਫਸਰ/ਸਹਾਇਕ

ਡਾਇਰੈਕਟਰ/ਡਿਪਟੀ ਡਾਇਰੈਕਟਰ/ਡਾਇਰੈਕਟਰ ਜਨਰਲ ਸਕੂਲ ਸਿੱਖਿਆ/ਸਿੱਖਿਆ ਸਕੱਤਰ ਜੀ ਵੱਲੋਂ ਕਿਸੇ ਵੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸ ਸਬੰਧੀ ਜੋ ਵੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ/ਉੱਚ ਅਧਿਕਾਰੀ, ਜਿਸ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕਰਨਗੇ, ਉਹ ਉਸ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਬਾਰੇ ਆਪਣੇ ਹੱਥ ਲਿਖਤ ਵਿੱਚ ਘੱਟੋ- ਘੱਟ 250 ਸ਼ਬਦਾਂ ਵਿੱਚ ਲਿਖਣਗੇ ਕਿ ਉਹ ਉਸ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਨਾਮੀਨੇਸ਼ਨ ਕਿਉਂ ਕਰਨਾ ਚਾਹੁੰਦੇ ਹਨ ਅਤੇ ਉਪਰੋਕਤ ਵੈਬਸਾਈਟ ਵਿੱਚ ਹੱਥ ਲਿਖਤ ਨੂੰ ਅਪਲੋਡ ਵੀ ਕਰਨਗੇ।

## 2.0 Eligibility :

**2.1 State Teacher Award** ਸਾਰੇ ਸਕੂਲ ਮੁੱਖੀ/ਇੰਚਾਰਜ/ਪ੍ਰਬੰਧਕ ਅਤੇ ਅਧਿਆਪਕ, ਜਿਨ੍ਹਾਂ ਦੀ ਰੈਗੂਲਰ ਤੌਰ ਤੇ ਸਰਵਿਸ ਅਪਲਾਈ ਕਰਨ ਦੀ ਮਿਤੀ ਤੱਕ ਘੱਟੋ-ਘੱਟ 10 ਸਾਲ ਪੂਰੀ ਹੋ ਚੁੱਕੀ ਹੈ, ਉਹਨਾਂ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਜੋ ਅਧਿਆਪਕ ਸੋਸਾਇਟੀਜ ਜਿਵੇਂ SSA, RMSA,PICTES ਅਧੀਨ ਕੰਮ ਕਰ ਰਹੇ ਹਨ, ਉਹਨਾਂ ਦੀ ਨਾਮੀਨੇਸ਼ਨ ਵੀ ਕੀਤੀ ਜਾ ਸਕਦੀ ਹੈ, ਜੇਕਰ ਉਹ ਉਪਰੋਕਤ 10 ਸਾਲ ਦੀ ਰੈਗੂਲਰ ਸਰਵਿਸ ਦੀ ਸ਼ਰਤ ਪੂਰੀ ਕਰਦੇ ਹੋਣਗੇ।

**2.2 Young Teacher Award** ਲਈ ਸਾਰੇ ਸਕੂਲ ਮੁੱਖੀ/ਇੰਚਾਰਜ ਅਤੇ ਅਧਿਆਪਕ, ਜਿਨ੍ਹਾਂ ਦੀ ਰੈਗੂਲਰ ਤੌਰ ਤੇ ਸਰਵਿਸ ਅਪਲਾਈ ਕਰਨ ਦੀ ਮਿਤੀ ਤੋਂ 10 ਸਾਲ ਤੋਂ ਘੱਟ ਹੋਵੇ ਤੇ 03 ਸਾਲ ਤੋਂ ਜਿਆਦਾ ਹੋਵੇ ਅਤੇ ਉਸ ਵਲੋਂ ਆਪਣਾ ਪਰਖਕਾਲ ਸਮਾਂ ਪਾਰ ਕਰ ਲਿਆ ਹੋਵੇ, ਉਹਨਾਂ ਦੀ ਇਸ ਅਵਾਰਡ ਲਈ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਜੋ ਅਧਿਆਪਕ ਸੋਸਾਇਟੀਜ ਜਿਵੇਂ SSA, RMSA,PICTES ਅਧੀਨ ਕੰਮ ਕਰ ਰਹੇ ਹਨ, ਉਹਨਾਂ ਦੀ ਨਾਮੀਨੇਸ਼ਨ ਵੀ ਕੀਤੀ ਜਾ ਸਕਦੀ ਹੈ, ਜੇਕਰ ਉਹ ਉਪਰੋਕਤ ਸ਼ਰਤ ਪੂਰੀ ਕਰਦੇ ਹੋਣਗੇ।

**2.3 Administrative Award** ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ ਅਤੇ ਐਸਿ) ਅਤੇ ਉਪ ਜਿਲ੍ਹਾ ਸਿੱਖਿਆ ਅਫਸਰ (ਸੈਸਿ ਅਤੇ ਐਸਿ), ਡਾਇਟ ਪ੍ਰਿੰਸੀਪਲਜ਼ ਜਿਨ੍ਹਾ ਨੇ ਜਿਲੇ ਵਿੱਚ ਘੱਟੋ ਘੱਟ ਇੱਕ ਸਾਲ ਲਈ ਉਕਤ ਅਸਾਮੀਆਂ ਤੇ ਕੰਮ ਕੀਤਾ ਹੋਵੇ। ਉਨ੍ਹਾ ਦਾ ਇਸ ਅਵਾਰਡ ਲਈ ਨੋਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸੇ ਤਰ੍ਹਾਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਨੂੰ ਵੀ ਨੋਮੀਨੇਟ ਕੀਤਾ ਜਾ ਸਕਦਾ ਹੈ।

## 3.0 Processing & Screening of the Nominations:

3.1 ਵੈਬ ਪੋਰਟਲ ਰਾਹੀਂ ਪ੍ਰਾਪਤ ਕੀਤੀਆਂ ਸਾਰੀਆਂ ਨਾਮੀਨੇਸ਼ਨਜ਼ MIS WING ਵੱਲੋਂ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀਆਂ ਜਾਣਗੀਆਂ। ਜੇਕਰ ਜਿਲ੍ਹਾ ਸਿੱਖਿਆ ਅਫਸਰ ਨੂੰ ਲਗਦਾ ਹੈ ਕਿ ਕਿਸੇ ਵੀ deserving ਮਿਹਨਤੀ ਅਧਿਆਪਕ/ਸਕੂਲ ਮੁੱਖੀ/ਪ੍ਰਬੰਧਕ ਦੀ ਸਟੇਟ ਅਵਾਰਡ, ਯੰਗ ਟੀਚਰ ਅਵਾਰਡ ਅਤੇ ਪ੍ਰਬੰਧਕੀ ਅਵਾਰਡ ਲਈ ਨਾਮੀਨੇਸ਼ਨ ਰਹਿ ਗਈ ਹੈ ਤਾਂ ਉਹ ਸ਼ਾਰਟਲਿਸਟ ਕੀਤੀਆਂ

ਅਰਜੀਆਂ ਦਾ 10 ਪ੍ਰਤੀਸ਼ਤ ਹੋਰ ਅਧਿਆਪਕ/ਸਕੂਲ ਮੁੱਖੀਆਂ/ਪ੍ਰਬੰਧਕ ਦੀ ਨਾਮੀਨੇਸ਼ਨ ਖੁਦ ਕਰ ਸਕਦੇ ਹਨ।

3.2 ਜਿਲ੍ਹਾ ਸਿੱਖਿਆ ਅਫਸਰ ਵੱਲੋਂ ਵੀ ਨਾਮੀਨੇਟ ਕੀਤੇ ਅਧਿਆਪਕ/ਸਕੂਲ ਮੁੱਖੀਆਂ/ਪ੍ਰਬੰਧਕ ਲਈ ਸਿਰਫ ਆਪਣੇ ਹੱਥ ਲਿਖਤ ਵਿੱਚ ਘੱਟੋ-ਘੱਟ 250 ਸ਼ਬਦਾਂ ਵਿੱਚ ਲਿਖਣਾ ਜਰੂਰੀ ਹੈ ਅਤੇ ਉਹਨਾਂ ਨੂੰ ਵੈਬ ਪੋਰਟਲ ਤੇ ਅਪਲੋਡ ਕਰਨ ਦੀ ਜਿੰਮੇਵਾਰੀ ਵੀ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੀ ਹੋਵੇਗੀ।

3.3 **State Teacher Award, Young Teacher Award, BPEOs ਅਤੇ Diet Principal** ਦੀਆਂ ਪ੍ਰਾਪਤ ਨਾਮੀਨੇਸ਼ਨਾਂ ਦੀ Screening ਸਬੰਧਤ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਕੀਤੀ ਜਾਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਉਹਨਾਂ ਦੇ ਵਿਰੁੱਧ ਕਿਸੇ ਤਰ੍ਹਾ ਦੀ ਕੋਈ ਚਾਰਜਸ਼ੀਟ (ਰੂਲ 8 ਅਧੀਨ), Sexual Exploitation/Harassment ਦਾ ਕੋਈ ਕੇਸ ਪੈਡਿੰਗ ਨਾ ਹੋਵੇ।

3.4 **Administrative Award** ਜਿਲ੍ਹਾ ਸਿੱਖਿਆ ਅਫਸਰ ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਦੀਆਂ ਨਾਮੀਨੇਸ਼ਨ ਦੀ Screening ਮੁੱਖ ਦਫਤਰ ਵੱਲੋਂ ਕੀਤੀ ਜਾਵੇਗੀ।

4.0 ਮੁੱਖ ਦਫਤਰ ਅਤੇ ਸਾਰੇ ਜਿਲ੍ਹਿਆਂ ਵੱਲੋਂ ਸ਼ਾਰਟਲਿਸਟ ਅਤੇ ਰਿਕਮੈਂਡ ਕੀਤੇ ਅਧਿਕਾਰੀ/ਅਧਿਆਪਕਾਂ/ਸਕੂਲ ਮੁੱਖੀਆਂ ਨੂੰ ਫਾਈਨਲ ਸਲੈਕਸ਼ਨ ਤੋਂ ਪਹਿਲਾਂ ਸਟੇਟ ਲੈਵਲ ਦੀ ਕਮੇਟੀ ਅੱਗੇ ਪਰਜੈਨਟੇਸ਼ਨ ਦੇਣੀ ਹੋਵੇਗੀ। ਪਰਜੈਨਟੇਸ਼ਨ ਦੀ ਮਿਤੀ/ਵਿਧੀ ਸਬੰਧੀ ਬਾਅਦ ਵਿੱਚ ਸੂਚਿਤ ਕੀਤਾ ਜਾਵੇਗਾ।

5.0 ਸਟੇਟ ਲੈਵਲ ਦੀ ਕਮੇਟੀ ਵੱਲੋਂ ਸਲੈਕਟ ਕੀਤੇ ਅਧਿਕਾਰੀਆਂ/ਅਧਿਆਪਕਾਂ/ਸਕੂਲ ਮੁੱਖੀਆਂ ਨੂੰ ਸਿੱਖਿਆ ਵਿਭਾਗ ਵੱਲੋਂ ਅਧਿਆਪਕ ਦਿਵਸ **(5 ਸਤੰਬਰ 2023)** ਦੇ ਮੌਕੇ ਤੇ ਸਟੇਟ ਪੱਧਰ ਦੇ ਅਵਾਰਡ ਦਿੱਤੇ ਜਾਣਗੇ।

ਸਹਾਇਕ ਡਾਇਰੈਕਟਰ (ਸੈਸਿ)